ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

## ਰਾਤ ਸਮੇਂ ਕੰਬਾਇਨਾਂ ਰਾਹੀਂ ਝੋਨੇ ਦੀ ਕਟਾਈ 'ਤੇ ਪਾਬੰਦੀ

## ਸ਼ਾਮ 7 ਵਜੇ ਤੋਂ ਸਵੇਰੇ 10 ਵਜੇ ਤੱਕ ਰਹੇਗੀ ਰੋਕ

ਫਾਜ਼ਿਲਕਾ 29 ਸਤੰਬਰ

ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਈਸ਼ਾ ਕਾਲੀਆ ਨੇ ਫ਼ੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਅੰਦਰ ਸ਼ਾਮ 7 ਵਜੇ ਤੋਂ ਲੈ ਕੇ ਸਵੇਰੇ 10 ਵਜੇ ਤੱਕ ਕੰਬਾਇਨਾਂ ਰਾਹੀਂ ਝੋਨੇ ਦੀ ਕਟਾਈ ਕਰਨ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 30 ਨਵੰਬਰ 2017 ਤੱਕ ਲਾਗੂ ਰਹਿਣਗੇ।

ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਹੁਕਮਾਂ ਵਿੱਚ ਕਿਹਾ ਕਿ ਜ਼ਿਲ੍ਹੇ ਅੰਦਰ ਝੋਨੇ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋਣ ਵਾਲਾ ਹੈ ਤੇ ਮੰਡੀਆਂ ਵਿੱਚ ਝੋਨੇ ਦੀ ਆਮਦ ਵੀ ਸ਼ੁਰੂ ਹੋਣ ਵਾਲੀ ਹੈ। ਹਰ ਸਾਲ ਵੇਖਣ ਵਿੱਚ ਆਉਂਦਾ ਹੈ ਕਿ ਕੰਬਾਇਨਾਂ ਮਾਲਕਾਂ ਵੱਲੋਂ ਝੋਨੇ ਨੂੰ ਪੂਰੀ ਤਰ੍ਹਾਂ ਪੱਕਣ ਤੋਂ ਪਹਿਲਾਂ ਹੀ ਵੱਧ ਨਮੀ ਵਾਲਾ ਝੋਨਾ ਕੱਟ ਦਿੱਤਾ ਜਾਂਦਾ ਹੈ। ਕਿਸਾਨਾਂ ਵੱਲੋਂ ਵੱਧ ਨਮੀ ਵਾਲਾ ਝੋਨਾ ਮੰਡੀਆਂ ਵਿੱਚ ਲਿਆਉਣ ਕਰਕੇ ਖਰੀਦ ਏਜੰਸੀਆਂ ਵੱਲੋਂ ਝੋਨੇ ਦੀ ਬੋਲੀ ਨਹੀਂ ਦਿੱਤੀ ਜਾਂਦੀ ਜਿਸ ਕਰਕੇ ਮੰਡੀਆਂ ਵਿੱਚ ਤਨਾਅ ਦੀ ਸਥਿਤੀ ਪੈਦਾ ਹੁੰਦੀ ਹੈ। ਇਸ ਕਰਕੇ ਕਿਸਾਨ ਫਸਲ ਪੂਰੀ ਤਰ੍ਹਾਂ ਪੱਕਣ ਤੋਂ ਬਾਅਦ ਹੀ ਮੰਡੀਆਂ ਵਿੱਚ ਲਿਆਉਣ।